16ਵੀਂ ਵਿਧਾਨ ਸਭਾ
ਪਹਿਲਾ ਸਮਾਗਮ

## ਪੰਜਾਬ ਵਿਧਾਨ ਸਭਾ ਸਕੱਤਰੇਤ
(ਵਿਧਾਨ ਸ਼ਾਖਾ)

ਨੰ: 10-ਐਲ ਏ-2022/ 3882

ਨੋਟਿਸ ਪ੍ਰਾਪਤ ਹੋਇਆ ਹੈ ਕਿ ਨਿਮਨਲਿਖਤ ਪ੍ਰਸਤਾਵ ਪੰਜਾਬ ਵਿਧਾਨ ਸਭਾ ਦੀ ਵਿਸ਼ੇਸ਼ ਬੈਠਕ ਦੇ ਦੌਰਾਨ ਮਾਨਯੋਗ ਮੁੱਖ ਮੰਤਰੀ ਦੁਆਰਾ ਪੇਸ਼ ਕੀਤਾ ਜਾਵੇਗਾ ਕਿ:-

"ਪੰਜਾਬ ਪੁਨਰਗਠਨ ਐਕਟ, 1966 ਦੇ ਦੁਆਰਾ ਪੰਜਾਬ ਦਾ ਪੁਨਰਗਠਿਤ ਕੀਤਾ ਗਿਆ ਸੀ। ਜਿਸ ਵਿੱਚ, ਪੰਜਾਬ ਰਾਜ ਦਾ ਪੁਨਰਗਠਨ ਹਰਿਆਣਾ ਪ੍ਰਾਂਤ, ਚੰਡੀਗੜ੍ਹ ਕੇਂਦਰੀ ਸ਼ਾਸਿਤ ਪ੍ਰਦੇਸ਼ ਵਿੱਚ ਕੀਤਾ ਗਿਆ ਸੀ ਅਤੇ ਪੰਜਾਬ ਦੇ ਕੁੱਝ ਹਿੱਸੇ ਉਦੋਂ ਦੇ ਹਿਮਾਚਲ ਪ੍ਰਦੇਸ਼, ਕੇਂਦਰੀ ਸ਼ਾਸਿਤ ਪ੍ਰਦੇਸ਼ ਨੂੰ ਦਿੱਤੇ ਗਏ ਸਨ। ਉਦੋਂ ਤੋਂ ਪੰਜਾਬ ਰਾਜ ਅਤੇ ਹਰਿਆਣਾ ਰਾਜ ਦੇ ਨਾਮਜਦਾਂ ਨੂੰ ਪ੍ਰਬੰਧਕੀ ਪੱਧਰ ਤੇ ਕੁੱਝ ਅਨੁਪਾਤ ਦੇ ਕੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਰਗੀਆਂ ਸਾਂਝੀਆਂ ਸੰਪਤੀਆਂ ਦੇ ਪ੍ਰਬੰਧ ਵਿੱਚ ਸੰਤੁਲਨ ਬਣਾਇਆ ਗਿਆ ਸੀ। ਕੇਂਦਰ ਸਰਕਾਰ ਨੇ ਆਪਣੀਆਂ ਕੁੱਝ ਹਾਲ ਹੀ ਦੀਆਂ ਕਾਰਵਾਈਆਂ ਵਿੱਚ ਇਸ ਸੰਤੁਲਨ ਨੂੰ ਅਸੰਤੁਲਿਤ ਕਰਨ ਦੀ ਕੋਸ਼ਿਸ਼ ਕੀਤੀ ਹੈ। ਹਾਲ ਹੀ ਵਿੱਚ ਕੇਂਦਰ ਸਰਕਾਰ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਮੈਂਬਰਾਂ ਦੀਆਂ ਅਸਾਮੀਆਂ ਦਾ ਇਸ਼ਤਿਹਾਰ ਸਾਰੀਆਂ ਰਾਜ ਸਰਕਾਰਾਂ ਅਤੇ ਕੇਂਦਰ ਸਰਕਾਰ ਦੇ ਅਧਿਕਾਰੀਆਂ ਨੂੰ ਭੇਜਿਆ ਹੈ, ਜਦ ਕਿ ਇਹ ਅਸਾਮੀਆਂ ਰਿਵਾਇਤੀ ਤੌਰ ਤੇ ਪੰਜਾਬ ਅਤੇ ਹਰਿਆਣਾ ਦੇ ਅਧਿਕਾਰੀਆਂ ਦੁਆਰਾ ਭਰੀਆਂ ਜਾਂਦੀਆਂ ਹਨ। ਇਸ ਤਰ੍ਹਾਂ, ਚੰਡੀਗੜ੍ਹ ਪ੍ਰਸ਼ਾਸਨ ਨੂੰ ਹਮੇਸ਼ਾ 60:40 ਦੇ ਅਨੁਪਾਤ ਵਿੱਚ ਪੰਜਾਬ ਅਤੇ ਹਰਿਆਣਾ ਦੇ ਅਫ਼ਸਰਾਂ ਦੁਆਰਾ ਵਿਵਸਥਿਤ ਕੀਤਾ ਗਿਆ ਹੈ। ਐਪਰ, ਹਾਲ ਹੀ ਵਿੱਚ ਕੇਂਦਰ ਸਰਕਾਰ ਨੇ ਚੰਡੀਗੜ੍ਹ ਵਿਖੇ ਬਾਹਰਲੇ ਅਫ਼ਸਰਾਂ ਨੂੰ ਤੈਨਾਤ ਕੀਤਾ ਹੈ ਅਤੇ ਚੰਡੀਗੜ੍ਹ ਪ੍ਰਸ਼ਾਸ਼ਨ ਦੇ ਕਰਮਚਾਰੀਆਂ ਲਈ ਕੇਂਦਰੀ ਸਿਵਲ ਸੇਵਾ ਨਿਯਮ ਲਾਗੂ ਕੀਤੇ ਹਨ, ਜੋ ਅਤੀਤ ਵਿੱਚ ਬਣੀ ਸਹਿਮਤੀ ਸਮਝ ਦੇ ਬਿਲਕੁਲ ਵਿੱਰੁਧ ਹਨ।

ਚੰਡੀਗੜ੍ਹ ਸ਼ਹਿਰ ਨੂੰ ਪੰਜਾਬ ਦੀ ਰਾਜਧਾਨੀ ਵਜੋਂ ਹੋਂਦ ਵਿੱਚ ਲਿਆਂਦਾ ਗਿਆ ਸੀ। ਜੇਕਰ ਪਿਛਲੀਆਂ ਮਿਸਾਲਾਂ ਵੇਖੋ ਤਾਂ ਜਦੋਂ ਵੀ ਕਿਸੇ ਰਾਜ ਦਾ ਵਿਭਾਜਨ ਹੋਇਆ ਹੈ, ਤਾਂ ਰਾਜਧਾਨੀ ਮੂਲ ਰਾਜ ਪਾਸ ਰਹਿੰਦੀ ਹੈ। ਇਸ ਲਈ ਪੰਜਾਬ, ਮੁਕੰਮਲ ਤੌਰ ਤੇ ਚੰਡੀਗੜ੍ਹ ਨੂੰ ਪੰਜਾਬ ਨੂੰ ਦਿੱਤੇ ਜਾਣ ਲਈ ਆਪਣਾ ਦਾਅਵਾ ਪੇਸ਼ ਕਰਦਾ ਰਿਹਾ ਹੈ।

ਪਹਿਲਾਂ ਵੀ, ਇਸ ਸਦਨ ਨੇ ਚੰਡੀਗੜ੍ਹ, ਪੰਜਾਬ ਨੂੰ ਦੇਣ ਲਈ ਕੇਂਦਰੀ ਸਰਕਾਰ ਪਾਸ ਬੇਨਤੀ ਕਰਦੇ ਹੋਏ ਬਹੁਤ ਸਾਰੇ ਮਤੇ ਪਾਸ ਕੀਤੇ ਹਨ, ਇਕਸੁਰਤਾ ਬਣਾਏ ਰੱਖਣ ਲਈ ਅਤੇ ਲੋਕਾਂ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਇਹ ਸਦਨ ਇਕ ਵਾਰ ਫਿਰ ਚੰਡੀਗੜ੍ਹ ਪੰਜਾਬ ਨੂੰ ਤੁਰੰਤ ਦੇਣ ਲਈ ਕੇਂਦਰੀ ਸਰਕਾਰ ਕੋਲ ਮਾਮਲਾ ਉਠਾਉਣ ਲਈ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ। ਇਹ ਸਦਨ, ਸਾਡੇ ਸੰਵਿਧਾਨ ਵਿਚ ਦਰਜ ਸੰਘਵਾਦ ਦੇ ਸਿਧਾਂਤਾਂ ਨੂੰ ਸਤਿਕਾਰ ਦੇਣ ਲਈ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਉਹ ਕੇਂਦਰ ਸਰਕਾਰ ਨੂੰ ਬੇਨਤੀ ਕਰੇ ਕੇ ਉਹ ਅਜਿਹਾ ਕੋਈ ਵੀ ਕਦਮ ਨਾ ਚੁੱਕੇ ਜਿਸ ਨਾਲ ਚੰਡੀਗੜ੍ਹ ਪ੍ਰਸ਼ਾਸਨ ਅਤੇ ਬੀ.ਬੀ.ਐਮ.ਬੀ. ਵਰਗੀਆਂ ਹੋਰ ਸਾਂਝੀਆਂ ਸੰਪਤੀਆਂ ਦੇ ਸੰਤੁਲਨ ਵਿੱਚ ਵਿਘਨ ਪਵੇ।"

ਚੰਡੀਗੜ੍ਹ:
1 ਅਪ੍ਰੈਲ, 2022

ਸੁਰਿੰਦਰ ਪਾਲ,
ਸਕੱਤਰ।

ਸੇਵਾ ਵਿਚ

ਪੰਜਾਬ ਵਿਧਾਨ ਸਭਾ ਦੇ ਸਮੂਹ ਮੈਂਬਰ ਸਾਹਿਬਾਨ ।

---

ਨੰ: 10-**ਐਲ ਏ**-2022/ 3883 **ਮਿਤੀ ਚੰਡੀਗੜ੍ਹ, 1ਅਪ੍ਰੈਲ,** 2022

ਕਾਪੀ ਨਿਮਨਲਿਖਤ ਨੂੰ ਸੂਚਨਾ ਲਈ ਭੇਜੀ ਜਾਂਦੀ ਹੈ-

1. ਮੁੱਖ ਸਕੱਤਰ, ਪੰਜਾਬ ਸਰਕਾਰ, (ਚਾਰ ਵਾਧੂ ਕਾਪੀਆਂ ਸਮੇਤ);
2. ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਸੰਸਦੀ ਮਾਮਲੇ ਵਿਭਾਗ,ਚੰਡੀਗੜ੍ਹ; ਅਤੇ
3. ਵਧੀਕ ਮੁੱਖ ਸਕੱਤਰ (ਵਿਕਾਸ), ਪੰਜਾਬ ਸਰਕਾਰ, ਗ੍ਰਹਿ ਮਾਮਲੇ ਵਿਭਾਗ, ਚੰਡੀਗੜ੍ਹ।

**ਵਧੀਕ ਸਕੱਤਰ,**
**ਵਾਸਤੇ ਸਕੱਤਰ।**